897506 (Provincial)

Serial No O

10/5/23 20

Received from Jasdev Singh Sandhu Foundation

with letter No.................dated...................20

the sum of Rupees 10000/-

in Cash/by Cheque on account of school fees

in.........................payment of.............................

Re... Signature.............................

Executive Engineer
Panchayati Raj P.W. (C&M) Divn.
PATIALA

Designation.............................

# ਦਫ਼ਤਰ ਕਾਰਜਕਾਰੀ ਇੰਜੀਨੀਅਰ ਪੰਚਾਇਤੀ ਰਾਜ ਲੋਕ ਨਿਰਮਾਣ ਮੰਡਲ ਪਟਿਆਲਾ

ਜ਼ਿਲ੍ਹਾ ਪ੍ਰੀਸ਼ਦ ਕੰਪਲੈਕਸ ਸਰਹਿੰਦ ਰੋਡ, ਪਟਿਆਲਾ, ਫੋਨ ਨੰ: 0175-2363935, ਈ.ਮੇਲ : xenprdpatiala@yahoo.in

ਵੱਲ

Principal,
Jasdev Public School,
Patiala Rajpura Road,
Multanpur Kauli, Patiala.

ਮੀਮੋ ਨੰ: ਪਰਡ/ਪ/2023/1855 ਮਿਤੀ: 11/05/23

ਵਿਸ਼ਾ: ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸੰਬਧੀ।

ਹਵਾਲਾ: ਆਪ ਦੀ ਪ੍ਰਤੀ ਬੇਨਤੀ ਮਿਤੀ 09/05/2023 ਜੋ ਕਿ ਇਸ ਦਫਤਰ ਵਿਖੇ ਮਿਤੀ 10/05/2023 ਨੂੰ ਪ੍ਰਾਪਤ ਹੋਈ।

ਆਪ ਜੀ ਦੇ ਸਕੂਲ ਲਈ ਬਿਲਡਿੰਗ ਸੇਫਟੀ ਸਰਟੀਫਿਕੇਟ ਆਪ ਜੀ ਵੱਲੋਂ ਦਿੱਤੀ ਗਈ ਪ੍ਰਤੀ ਬੇਨਤੀ ਦੇ ਆਧਾਰ ਤੇ ਅਤੇ ਆਪ ਵੱਲੋਂ ਪੇਸ਼ ਕੀਤੇ ਗਏ ਨਕਸ਼ੇ ਅਤੇ ਸਬੰਧਤ ਉਪ ਮੰਡਲ ਅਫਸਰ (ਪਰ) ਪਟਿਆਲਾ ਦੀ ਰਿਪੋਰਟ ਅਨੁਸਾਰ ਕਿ ਬਿਲਡਿੰਗ ਵੇਖਣ ਨੂੰ ਸੁਰੱਖਿਅਤ ਜਾਪਦੀ ਹੈ ਅਤੇ ਇਹ ਇਮਾਰਤ ਵਰਤਣ ਯੋਗ ਹੈ, ਦੇ ਆਧਾਰ ਤੇ ਮਿਤੀ 31/03/2024 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ ਕਿ:-

1) ਆਪ ਇਸ ਸਮੇ ਦੌਰਾਨ ਇਸ ਬਿਲਡਿੰਗ ਦੇ ਪੇਸ਼ ਕੀਤੇ ਨਕਸ਼ੇ ਵਿੱਚ ਕੋਈ ਵਾਧਾ ਜਾਂ ਤਰਮੀਮ ਨਹੀਂ ਕਰੋਂਗੇ। ਜੇਕਰ ਆਪ ਦੀ ਸੰਸਥਾ ਵੱਲੋਂ ਅਜਿਹਾ ਕੀਤਾ ਗਿਆ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ ਅਤੇ ਆਪ ਨੂੰ ਨਵਾਂ ਸਕੂਲ ਸਰਟੀਫਿਕੇਟ ਜਾਰੀ ਕਰਵਾਉਣ ਹਿੱਤ ਦੁਬਾਰਾ ਤੋਂ ਅਪਲਾਈ ਕਰਨਾ ਹੋਵੇਗਾ।
2) ਜੇਕਰ ਆਪ ਵੱਲੋਂ ਇਸ ਬਿਲਡਿੰਗ ਵਿੱਚ ਕਿਸੇ ਕਿਸਮ ਦਾ ਵਾਧਾ ਜਾਂ ਤਰਮੀਮ ਕੀਤਾ ਜਾਂਦਾ ਹੈ ਤਾਂ ਇਹ ਕਿਸੇ ਸਰਟੀਫਾਇਡ ਇੰਜੀਨੀਅਰ ਦੀ ਦੇਖ-ਰੇਖ ਵਿੱਚ ਅਤੇ ਇਸ ਦਫਤਰ ਨੂੰ ਸੂਚਨਾ ਦਿੰਦਿਆਂ ਹੋਇਆ ਕਰਵਾਇਆ ਜਾਵੇ। ਵਾਧਾ ਮੁਕੰਮਲ ਹੋਣ ਉਪਰੰਤ ਆਪ ਇਹ ਸਰਟੀਫਿਕੇਟ ਦੁਬਾਰਾ ਤੋਂ ਜਾਰੀ ਕਰਵਾਉਗੇ।
3) ਜੇਕਰ ਕਿਸੇ ਕੁਦਰਤੀ ਕਾਰਨਾਂ ਕਰਕੇ ਇਸ ਇਮਾਰਤ ਨੂੰ ਕਿਸੇ ਕਿਸਮ ਦਾ ਨੁਕਾਸਨ ਪਹੁੰਚਦਾ ਹੈ ਤਾਂ ਇਸ ਦਫਤਰ ਨੂੰ ਫੌਰੀ ਤੌਰ ਤੇ ਸੂਚਨਾ ਦਿੱਤੀ ਜਾਵੇ ਜੀ।
4) ਇਹ ਸਰਟੀਫਿਕੇਟ ਮਿਤੀ 31-03-2024 ਤੱਕ ਹੀ ਵੈਲਿਡ ਹੋਵੇਗਾ।
5) ਸੜਕ ਤੋਂ ਸਕੂਲ ਤੱਕ ਅਤੇ ਸੜਕ ਕਰਾਸਿੰਗ ਲਈ ਲੋੜੀਂਦੇ ਪ੍ਰਬੰਧ ਸਹੀ ਢੰਗ ਨਾਲ ਕੀਤੇ ਜਾਣ ਅਤੇ ਲੋੜੀਂਦੇ ਨਿਸ਼ਾਨ ਚਿੰਨ ਅਤੇ ਨਿਸ਼ਾਨ ਬੋਰਡ ਆਪਣੇ ਪੱਧਰ ਤੇ ਲਗਾਏ ਜਾਣੇ ਯਕੀਨੀ ਬਣਾਏ ਜਾਣ।
6) ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ ਜਾਰੀ ਸਕੂਲ ਬੱਸਾਂ ਵਿੱਚ ਸੁਰੱਖਿਆ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।
7) ਪਾਰਕਿੰਗ ਲਈ ਇੰਤਜ਼ਾਮ ਸਕੂਲ ਅਥਾਰਟੀ ਆਪਣੇ ਪੱਧਰ ਤੇ ਕਰੇਗੀ, ਜਿਸ ਨਾਲ ਪਬਲਿਕ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆਉਣੀ ਚਾਹੀਦੀ ਹੈ।

11/5/2023

ਕਾਰਜਕਾਰੀ ਇੰਜੀਨੀਅਰ,
ਪੰਚਾਇਤੀ ਰਾਜ ਲੋਕ ਨਿਰਮਾਣ ਮੰਡਲ,
ਪਟਿਆਲਾ।